# ਪੰਜਾਬ ਸਕੂਲ ਸਿੱਖਿਆ ਬੋਰਡ

## (ਪ੍ਰੈੱਸ ਨੋਟ)

# ਬੋਰਡ ਵੱਲੋਂ ਬਾਰਵ੍ਹੀਂ ਦੇ ਪ੍ਰਾਈਵੇਟ ਪਰੀਖਿਆਰਥੀਆਂ ਦੇ ਰੋਲ ਨੰਬਰ ਵੈੱਬ-ਸਾਈਟ 'ਤੇ ਅਪਲੋਡ

ਐੱਸ.ਏ.ਐੱਸ. ਨਗਰ 22 ਫਰਵਰੀ ( ) ਪੰਜਾਬ ਸਕੂਲ ਸਿੱਖਿਆ ਬੋਰਡ ਦੇ ਬੁਲਾਰੇ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਾਰ੍ਹਵੀਂ ਸ਼੍ਰੇਣੀ ਦੀਆਂ ਮਾਰਚ-2018 ਸਲਾਨਾ ਪ੍ਰੀਖਿਆਵਾਂ ਰੈਗੂਲਰ ਸਮੇਤ (ਓਪਨ ਸਕੂਲ)/ ਵਾਧੂ ਵਿਸ਼ਾ/ਕਾਰਗੁਜ਼ਾਰੀ ਵਧਾਉਣ ਲਈ/ਕੰਪਾਰਟਮੈਂਟ/ਰੀ-ਅਪੀਅਰ ਦੀਆਂ ਪ੍ਰੀਖਿਆਵਾਂ ਮਿਤੀ 28 ਫਰਵਰੀ ਨੂੰ ਆਰੰਭ ਹੋ ਰਹੀਆਂ ਹਨ। ਰੈਗੂਲਰ ਪ੍ਰੀਖਿਆਰਥੀਆਂ ਦੇ ਰੋਲ ਨੰਬਰ ਉਹਨਾਂ ਨਾਲ਼ ਸਬੰਧਤ ਸਕੂਲਾਂ ਦੀ ਲਾਗ-ਇਨ-ਆਈ.ਡੀ ਤੇ 16 ਫਰਵਰੀ ਨੂੰ ਪਹਿਲਾਂ ਹੀ ਅਪਲੋਡ ਕੀਤੇ ਜਾ ਚੁੱਕੇ ਹਨ ਅਤੇ ਵਾਧੂ ਵਿਸ਼ਾ/ਕਾਰਗੁਜ਼ਾਰੀ ਵਧਾਉਣ ਲਈ/ਕੰਪਾਰਟਮੈਂਟ/ਰੀ-ਅਪੀਅਰ ਪ੍ਰੀਖਿਆਰਥੀਆਂ ਦੇ ਰੋਲ ਨੰਬਰ ਅੱਜ ਆਨ-ਲਾਈਨ ਕਰ ਦਿੱਤੇ ਗਏ ਹਨ।

ਬੁਲਾਰੇ ਨੇ ਦੱਸਿਆ ਕਿ ਵਾਧੂ ਵਿਸ਼ਾ/ਕਾਰਗੁਜ਼ਾਰੀ ਵਧਾਉਣ ਲਈ /ਕੰਪਾਰਟਮੈਂਟ/ਰੀ-ਅਪੀਅਰ ਦੀ ਪ੍ਰੀਖਿਆ ਦੇ ਰਹੇ ਪ੍ਰੀਖਿਆਰਥੀਆਂ ਨੂੰ ਦੱਸਿਆ ਜਾਂਦਾ ਹੈ ਕਿ ਉਹ ਆਪਣੇ ਰੋਲ ਨੰਬਰ ਬੋਰਡ ਦੀ ਵੈਬ ਸਾਈਟ www.pseb.ac.in ਤੋਂ ਡਾਊਨਲੋਡ ਕਰ ਲੈਣ। ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋ ਵੱਖਰੇ ਤੌਰ ਤੇ ਕੋਈ ਵੀ ਰੋਲ ਨੰਬਰ ਸਲਿੱਪ ਡਾਕ ਰਾਹੀਂ ਨਹੀਂ ਭੇਜੀ ਜਾਵੇਗੀ । ਜੇਕਰ ਰੋਲ ਨੰਬਰ ਸਲਿੱਪ ਤੇ ਕੋਈ ਤਰੁੱਟੀ ਪਾਈ ਜਾਂਦੀ ਹੈ ਤਾਂ ਉਹ ਹਰ ਹਾਲਤ ਵਿਚ 27 ਫਰਵਰੀ ਤੱਕ ਤਰੁੱਟੀ ਦਰੁੱਸਤ ਕਰਵਾਉਣ ਲਈ ਮੁੱਖ ਦਫਤਰ, ਪੰਜਾਬ ਸਕੂਲ ਸਿੱਖਿਆ ਬੋਰਡ ਦੀ ਸ਼ਾਖਾ ਪ੍ਰੀਖਿਆ ਬਾਰ੍ਹਵੀਂ ਵਿੱਚ ਰੋਲ ਨੰਬਰ ਤੇ ਦਰਸਾਏ ਸਬੰਧਤ ਸੈਕਸ਼ਨ ਨਾਲ ਸੰਪਰਕ ਕੀਤਾ ਜਾਵੇ।

ਬੁਲਾਰੇ ਨੇ ਦੱਸਿਆ ਕਿ ਬਾਰ੍ਹਵੀਂ ਪ੍ਰੀਖਿਆ ਮਾਰਚ-2018 ਦੇ ਰੋਲ ਨੰਬਰਾਂ /ਪ੍ਰੀਖਿਆ ਸਬੰਧੀ ਪੁੱਛ-ਪੜਤਾਲ ਹੱਲ ਕਰਨ ਲਈ ਬੋਰਡ ਦਾ ਮੁੱਖ ਦਫਤਰ 24 ਅਤੇ 25 ਫਰਵਰੀ (ਸ਼ਨੀਵਾਰ ਅਤੇ ਐਤਵਾਰ) ਛੁੱਟੀ ਵਾਲੇ ਦਿਨਾਂ ਵਿੱਚ ਖੁੱਲ੍ਹਾ ਰਹੇਗਾ । ਉਹਨਾਂ ਦੱਸਿਆ ਕਿ ਇਸ ਤੋਂ ਇਲਾਵਾ ਜਿਨ੍ਹਾਂ ਪ੍ਰੀਖਿਆਰਥੀਆਂ ਵੱਲੋਂ ਪ੍ਰੀਖਿਆ ਦੇਣ ਸਬੰਧੀ ਫੀਸ ਜਮ੍ਹਾਂ ਕਰਵਾਈ ਗਈ ਹੋਵੇ ਪਰ ਰੋਲ ਨੰਬਰ ਪ੍ਰਾਪਤ ਨਹੀਂ ਹੋਇਆ ਅਜਿਹੇ ਪ੍ਰੀਖਿਆਰਥੀ ਆਪਣੇ ਯੋਗਤਾ ਸਰਟੀਫਿਕੇਟ ਦੀ ਤਸਦੀਕ-ਸ਼ੁਦਾ ਫੋਟੋ ਕਾਪੀ, ਦੋ ਫੋਟੋਆਂ ਅਤੇ ਜਮ੍ਹਾਂ ਕਰਵਾਈ ਗਈ ਫੀਸ ਦੀ ਰਸੀਦ ਦੀ ਅਸਲ ਕਾਪੀ ਲੈ ਕੇ ਮੁੱਖ ਦਫਤਰ ਪੰਜਾਬ ਸਕੂਲ ਸਿੱਖਿਆ ਬੋਰਡ, ਐੱਸ.ਏ.ਐੱਸ. ਨਗਰ ( ਮੁਹਾਲੀ ) ਵਿਖੇ ਸੰਪਰਕ ਕਰਨ ਦੀ ਖੇਚਲ ਕਰਨ।

ਮਿਤੀ:-22-02-2018

ਕੋਮਲ ਸਿੰਘ
ਲੋਕ ਸੰਪਰਕ ਦਫ਼ਤਰ
ਪੰਜਾਬ ਸਕੂਲ ਸਿੱਖਿਆ ਬੋਰਡ

Scanned by CamScanner